# ਦਫਤਰ ਨਗਰ ਕੌਂਸਲ ਰਾਏਕੋਟ (ਜਿਲ੍ਹਾ ਲੁਧਿਆਣਾ)

## ਪਬਲਿਕ ਨੋਟਿਸ

ਨਗਰ ਕੌਂਸਲ ਰਾਏਕੋਟ ਵੱਲੋਂ ਸਰਕਾਰ ਵੱਲੋਂ ਕੰਟਰੇਕਟ ਤੇ ਭਰਤੀ ਕਰਨ ਲਈ ਪ੍ਰਵਾਨਤ ਅਸਾਮੀਆ ਵਿਰੁੱਧ ਕਿਰਤ ਵਿਭਾਗ ਪੰਜਾਬ ਵੱਲੋਂ ਸਮੇ-ਸਮੇ ਨਿਰਧਾਰਿਤ ਲੇਬਰ ਰੇਟ(ਡੀ.ਸੀ. ਰੇਟ) ਦੀ ਅਦਾਇਗੀ ਤੇ ਠੇਕਾ ਅਧਾਰ ਤੇ 40 ਸਫਾਈ ਸੇਵਕਾ ਅਤੇ 8 ਸੀਵਰਮੈਨਾਂ ਦੀ ਨਿਯੁਕਤੀ ਕੀਤੀ ਜਾਣੀ ਹੈ। ਇਸ ਲਈ ਪੰਜਾਬ ਦੇ ਵਸਨੀਕ ਚਾਹਵਾਨ ਉਮੀਦਵਾਰਾਂ ਤੋ ਮਿਤੀ 20-09-2021 ਤੱਕ ਹੇਠ ਲਿਖੇ ਪ੍ਰਫਾਰਮੇ ਵਿੱਚ ਬਿਨੈ-ਪੱਤਰ (ਸਮੇਤ ਦਸਤਾਵੇਜਾਂ) ਦੀਆ ਕਾਪੀਆ ਦੀ ਮੰਗ ਕੀਤੀ ਜਾਂਦੀ ਹੈ। ਸਫਾਈ ਕਰਮਚਾਰੀਆ ਅਤੇ ਸੀਵਰਮੈਨਾਂ ਦੀ ਭਰਤੀ ਪੰਜਾਬ ਮਿਉਂਸੀਪਲ ਸਫਾਈ ਕਰਮਚਾਰੀ ਸੇਵਾ ਨਿਯਮ 1984 ਅਧੀਨ ਕੀਤੀ ਜਾਣੀ ਹੈ। ਚਾਹਵਾਨ ਉਮੀਦਵਾਰ ਮਿਤੀ 20-09-2021 ਤੱਕ ਰਜਿਸਟਰਡ ਡਾਕ ਰਾਹੀ ਜਾਂ ਦਸਤੀ ਤੋਰ ਤੇ ਬਿਨੈ-ਪੱਤਰ (ਸਮੇਤ ਦਸਤਾਵੇਜਾਂ ਦੀਆ ਕਾਪੀਆ) ਦਫਤਰ ਨਗਰ ਕੌਂਸਲ ਰਾਏਕੋਟ ਵਿਖੇ ਜਮ੍ਹਾਂ ਕਰਵਾ ਸਕਦੇ ਹਨ। ਨਿਰਧਾਰਿਤ ਮਿਤੀ ਤੋ ਬਾਅਦ ਪ੍ਰਾਪਤ ਹੋਏ ਬਿਨੈ-ਪੱਤਰ ਤੇ ਗੌਰ ਨਹੀਂ ਕੀਤਾ ਜਾਵੇਗਾ। ਚਾਹਵਾਨ ਉਮੀਦਵਾਰ ਵੱਲੋਂ ਬਿਨੈ-ਪੱਤਰ ਵਿੱਚ ਦਰਜ ਦਸਤਾਵੇਜਾਂ ਦੀਆ ਸਵੈ ਤਸਦੀਕ ਕਾਪੀਆਂ ਨਾਲ ਨੱਥੀ ਕੀਤੀਆ ਜਾਣ। ਇਸ ਤੋ ਇਲਾਵਾ ਚਾਹਵਾਨ ਉਮੀਦਵਾਰ ਵਿਰੁੱਧ ਕੋਈ ਵੀ ਫੌਜਦਾਰੀ ਕੇਸ ਨਾ ਚੱਲ ਰਹੇ ਹੋਣ ਸਬੰਧੀ ਸਵੈ-ਘੋਸਣਾ ਵੀ ਨਾਲ ਨੱਥੀ ਕੀਤੀ ਜਾਵੇ।

| ਅਸਾਮੀ ਦਾ ਨਾਮ | ਅਸਾਮੀਆ ਦੀ ਗਿਣਤੀ | ਤਨਖਾਹ ਸਕੇਲ | ਵਿਦਿਅਕ ਯੋਗਤਾ | ਉਮਰ (ਮਿਤੀ 01-01-2021) |
|---|---|---|---|---|
| ਸਫਾਈ ਸੇਵਕ | 40 | ਕਿਰਤ ਵਿਭਾਗ ਪੰਜਾਬ ਵੱਲੋਂ ਸਮੇ-ਸਮੇ ਨਿਰਧਾਰਿਤ ਲੇਬਰ ਰੇਟ(ਡੀ.ਸੀ. ਰੇਟ) | ਉਮੀਦਵਾਰ ਨੂੰ ਪੜ੍ਹਨ ਲਿਖਣ ਦੀ ਜਾਣਕਾਰੀ ਹੋਣਾ(literate) | ਉਮਰ 18 ਤੋ 37 ਸਾਲ ਤੱਕ |
| ਸੀਵਰਮੈਨ | 8 | ਕਿਰਤ ਵਿਭਾਗ ਪੰਜਾਬ ਵੱਲੋਂ ਸਮੇ-ਸਮੇ ਨਿਰਧਾਰਿਤ ਲੇਬਰ ਰੇਟ(ਡੀ.ਸੀ. ਰੇਟ) | ਉਮੀਦਵਾਰ ਨੂੰ ਪੜ੍ਹਨ ਲਿਖਣ ਦੀ ਜਾਣਕਾਰੀ ਹੋਣਾ(literate) | ਉਮਰ 18 ਤੋ 37 ਸਾਲ ਤੱਕ |

**ਨੋਟ:-**

1. ਉਮੀਦਵਾਰ ਜਿਸਨੇ ਸਫਾਈ ਸੇਵਕ/ਸੀਵਰਮੈਨ ਦੀ ਨੋਕਰੀ ਲਈ ਅਪਲਾਈ ਕਰਨਾ ਹੈ ਉਹ ਬਿਨੈ-ਪੱਤਰ lgpunjab.gov.in ਸਾਈਟ ਤੇ ਡਾਊਨਲੋਡ ਕਰ ਸਕਦਾ ਹੈ ਜਾਂ ਦਫਤਰ ਨਗਰ ਕੌਂਸਲ ਰਾਏਕੋਟ ਦੇ ਕਮਰਾ ਨੰ.12 ਵਿੱਚੋ ਪ੍ਰਾਪਤ ਕਰ ਸਕਦਾ ਹੈ।
2. ਚਾਹਵਾਨ ਉਮੀਦਵਾ ਦੀ ਉਮਰ ਮਿਤੀ 01-01-2021 ਨੂੰ 18 ਸਾਲ ਤੋ 37 ਦੇ ਵਿਚਕਾਰ ਹੋਣੀ ਚਾਹੀਦੀ ਹੈ। ਇਨਾਂ ਨਿਯੁਕਤੀਆਂ ਵਿੱਚ ਪੰਜਾਬ ਸਰਕਾਰ ਦੀਆ ਹਦਾਇਤਾਂ ਅਨੁਸਾਰ ਉਮਰ ਵਿੱਚ ਬਣਦੀ ਛੋਟ ਦਿਤੀ ਜਾਵੇਗੀ।
3. ਸਰਕਾਰ ਦੀਆ ਹਦਾਇਤਾਂ ਅਨੁਸਾਰ ਸਫਾਈ ਸੇਵਕਾ ਅਤੇ ਸੀਵਰਮੈਨਾ ਦੀਆ ਨਿਓਕਤੀਆ ਲਈ ਸਥਾਨਕ ਸਰਕਾਰ ਵਿਭਾਗ ਵਿੱਚ ਘੱਟ ਤੋ ਘੱਟ 3 ਸਾਲ ਦੇ ਤਜਰਬੇ ਵਾਲੇ ਉਮੀਦਵਾਰ ਨੂੰ ਪਹਿਲ ਦਿਤੀ ਜਾਵੇਗੀ। ਤਜਰਬੇ ਵਾਲੇ ਉਮੀਦਵਾਰ ਨੂੰ ਪਹਿਲ ਦਿਤੀ ਜਾਵੇਗੀ। ਤਜਰਬੇ ਦੇ ਅਰਸੇ (Length of experience) ਦੇ ਅਧਾਰ ਤੇ weightage ਦਿਤੀ ਜਾਵੇਗੀ।
4. ਉਮੀਦਵਾਰ ਫਿਜੀਕਲੀ ਫਿੱਟ ਹੋਣਾ ਚਾਹੀਦਾ ਹੈ।
5. ਨਗਰ ਕੌਂਸਲ ਰਾਏਕੋਟ ਵੱਲੋਂ ਨਿਯੁਕਤੀ ਕੀਤੇ ਜਾ ਰਹੇ ਸਫਾਈ ਸੇਵਕਾ ਤੋਂ ਸਫਾਈ ਦੇ ਕੰਮ, ਨਾਲੇ-ਨਾਲੀਆਂ ਦਾ ਸਫਾਈ, ਕੂੜਾ ਲਿਫਟਿੰਗ, ਸੋਲਿਡ ਵੇਸਟ ਦੇਖਭਾਲ ਦੇ ਕੰਮ ਅਤੇ ਮਾਲੀ/ਬੇਲਦਾਰੀ/ਕੁਲੀ ਦਾ ਕੰਮ ਲਿਆ ਜਾ ਸਕਦਾ ਹੈ।
6. ਭਰਤੀ ਸਰਕਾਰ ਦੀਆ ਰਾਖਵਾਕਰਨ ਸਬੰਧੀ ਹਦਾਇਤਾਂ (ਰੋਸਟਰ) ਅਨੁਸਾਰ ਹੋਵੇਗੀ। ਇਹਨਾਂ ਨਿਯੁਕਤੀਆਂ ਵਿੱਚ ਪੰਜਾਬ ਸਰਕਾਰ ਦੀਆ ਹਦਾਇਤਾਂ ਅਨੁਸਾਰ ਰਿਜਰਵੇਸ਼ਨ ਪਾਲਿਸੀ ਲਾਗੂ ਕੀਤੀ ਜਾਵੇਗੀ।
7. ਸਰਕਾਰ ਦੀਆ ਹਦਾਇਤਾਂ/ਪ੍ਰਸ਼ਸਕੀ ਕਾਰਨਾਂ ਕਰਕੇ ਅਸਾਮੀਆ ਦੀ ਗਿਣਤੀ ਵਧਾਈ/ਘਟਾਈ ਜਾ ਸਕਦੀ ਹੈ। ਇਸ ਸਬੰਧੀ ਸੂਚਨਾ ਵੈਬਸਾਈਟ ਤੇ ਅਪਲੋਡ ਕੀਤੀ ਜਾਵੇਗੀ।
8. ਉਮੀਦਵਾਰ ਕਾਉਸਲਿੰਗ ਸਮੇ ਲੋੜੀਦੀ ਵਿਦਿਅਕ ਯੋਗਤਾ, ਤਜਰਬੇ ਸਬੰਧੀ ਅਤੇ ਰਾਖਵਾਕਰਨ ਅਦਿ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨਾਂ ਦੀਆ ਤਸਦੀਕ ਸੁਦਾ ਕਾਪੀਆਂ ਪੇਸ਼ ਕਰਨਗੇ। ਇਸ ਸਾਰੇ ਦਸਤਾਵੇਜ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾ ਦੇ ਹੋਣੇ ਚਾਹੀਦੇ ਹਨ। ਕਾਉਂਸਲਿੰਗ ਵਿੱਚ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

ਪ੍ਰਧਾਨ
ਨਗਰ ਕੌਂਸਲ ਰਾਏਕੋਟ

ਕਾਰਜ ਸਾਧਕ ਅਫਸਰ,
ਨਗਰ ਕੌਂਸਲ ਰਾਏਕੋਟ

# ਨਗਰ ਕੌਂਸਲ ਰਾਏਕੋਟ, ਜਿਲ੍ਹਾ ਲੁਧਿਆਣਾ

ਸਵੈ ਤਸਦੀਕ ਫੋਟੋ

ਕੰਨਟਰੈਕਟ ਬੇਸ ਸਫਾਈ ਸੇਵਕ/ਸੀਵਰਮੈਨ ਦੀ ਅਸਾਮੀ ਲਈ ਬਿਨੈ-ਪੱਤਰ

**ਅਸਾਮੀ ਦਾ ਨਾਮ:-** ..............................................

| | | |
|---|---|---|
| 1. | ਉਮੀਦਵਾਰ ਦਾ ਨਾਮ | |
| 2. | ਪਿਤਾ/ਪਤੀ ਦਾ ਨਾਮ | |
| 3. | ਜਨਮ ਮਿਤੀ(ਸਬੂਤ ਨਾਲ ਨੱਥੀ) | |
| 4. | ਉਮਰ (ਮਿਤੀ 01.01.2021 ਨੂੰ ਉਮਰ, ਸਬੂਤ ਨੱਥੀ ਕਰੋ, ਅਨਪੜ ਹੋਣ ਦੀ ਸੂਰਤ ਵਿੱਚ ਜਨਮ ਮਿਤੀ ਹਲਫੀਆਂ ਬਿਆਨ ਨੱਥੀ ਕਰੋ) | |
| 5. | ਜਨਮ ਦਾ ਸਥਾਨ(ਜਿਲ੍ਹਾ ਅਤੇ ਰਾਜ) | |
| 6. | ਘਰ ਦਾ ਪੱਕਾ ਪਤਾ | |
| 7. | ਪੱਤਰ ਵਿਹਾਰ ਲਈ ਪਤਾ | |
| 8. | ਟੈਲੀਫੋਨ ਨੰਬਰ/ਮੋਬਾਇਲ ਨੰਬਰ | |
| 9. | ਕੈਟਾਗਿਰੀ | |
| 10. | ਕੌਮੀਅਤ | |
| 11. | ਵਿਦਿਅਕ ਯੋਗਤਾ (ਵਿਦਿਅਕ ਯੋਗਤਾ ਸਬੰਧੀ ਸਰਟੀਫਿਕੇਟ ਦੀ ਸਵੈ-ਤਸਦੀਕ ਕਾਪੀ ਨੱਥੀ ਕਰੋ) | |

| ਪਾਸ ਪ੍ਰੀਖਿਆ ਦਾ ਨਾਮ | ਬੋਰਡ ਯੂਨੀਵਰਸਿਟੀ | ਪ੍ਰੀਖਿਆ ਪਾਸ ਕਰਨ ਦਾ ਸਾਲ | ਕੁੱਲ ਅੰਕ | ਪ੍ਰਾਪਤ ਕੀਤੇ ਅੰਕ | ਪ੍ਰਾਪਤ ਕੀਤੇ ਅੰਕਾਂ ਦੀ ਪ੍ਰਤੀਸ਼ਤ(%) |
|---|---|---|---|---|---|
| | | | | | |
| | | | | | |
| | | | | | |

12. ਕੀ ਪੰਜਾਬੀ ਪੜ-ਲਿਖ ਸਕਦਾ ਹੈ? ਹਾਂ ਜਾਂ ਨਹੀ ( )

13. ੳ) ਤਜਰਬਾ (ਕਦੋ ਤੋ ਕਦੋ ਤੱਕ) ਸੰਸਥਾ ਦਾ ਨਾਂ-

(ਨੋਟ- ਤਜਰਬਾ ਕਮਿਸ਼ਨਰ/ਕਾਰਜ ਸਾਧਕ ਅਫਸ਼ਰ/ਸੰਸਥਾ ਦੇ ਮੁਖੀ ਵੱਲੋਂ ਰਿਕਾਰਡ ਦੇ ਅਧਾਰ ਤੇ ਵੈਰੀਫਾਈ ਕੀਤਾ (ਜਾਵੇਗਾ)

ਅ) ਈ.ਪੀ.ਐਫ.ਨੰਬਰ (ਜੇਕਰ ਹੈ ਤਾਂ)

ੲ) ਸੈਲਰੀ ਅਕਾਊਟ ਨੰਬਰ(ਬੈਂਕ ਡਿਟੇਲ)

## ਸਵੈ ਘੋਸ਼ਣਾ

ਮੈ.................................... ਪੁੱਤਰ/ਪੁਤਰੀ ਸ੍ਰੀ ................................................ਉਮਰ.............. ਘੋਸਣਾ ਕਰਦਾ/ਕਰਦੀ ਹਾਂ ਕਿ ਮੈ ਪੰਜਾਬ ਦਾ ਪੱਕਾ ਵਸਨੀਕ ਹਾਂ ਅਤੇ ਮੇਰੇ ਖਿਲਾਫ ਕੋਈ ਵੀ ਫੋਜਧਾਰੀ ਕੇਸ ਨਹੀ ਚੱਲ ਰਿਹਾ। ਮੇਰੀ ਜਾਣਕਾਰੀ ਅਨੁਸਾਰ ਉਕਤ ਸੂਚਨਾ ਅਤੇ ਨੱਥੀ ਦਸਤਾਵੇਜ ਠੀਕ ਅਤੇ ਸਹੀ ਹਨ। ਇਨਾਂ ਵਿੱਚ ਮੈ ਕੋਈ ਤੱਥ ਲੁਕਾਇਆ ਨਹੀਂ ਹੈ। ਜੇਕਰ ਮੇਰੇ ਕੋਲ ਦਿੱਤੀ ਗਈ ਸੂਚਨਾਂ ਕਿਸੇ ਸਮੇ ਗਲਤ ਪਾਈ ਗਈ ਤਾਂ ਮੇਰੀ ਉਮੀਦਵਾਰੀ ਰੱਦ ਕਰ ਕਰਨ ਯੋਗ ਹੋਵੇਗੀ ਅਤੇ ਸਮਰੱਥ ਅਥਾਰਟੀ ਨੂੰ ਮੇਰੇ ਵਿਰੁੱਧ ਕਾਨੂੰਨੀ ਅਨੁਸਾਰ ਕਾਰਵਾਈ ਕਰਨ ਦੀ ਖੁੱਲ ਹੋਵੇਗੀ।

ਮਿਤੀ-

ਸਥਾਨ-

ਉਮੀਦਵਾਰ ਦੇ ਹਸਤਾਖਰ

ਨੱਥੀ ਦਸਤਾਵੇਜ- 1.

2.

3.

ਪ੍ਰਧਾਨ
ਨਗਰ ਕੌਂਸਲ ਰਾਏਕੋਟ

ਕਾਰਜ ਸਾਧਕ ਅਫਸਰ,
ਨਗਰ ਕੌਂਸਲ ਰਾਏਕੋਟ